ਜ਼ਿਲ੍ਹਾ ਪ੍ਰਸ਼ਾਸਨ ਨੇ ਡੇਰਾ ਮੁਖੀ ਸਬੰਧੀ ਆਏ ਅਦਾਲਤੀ ਫੈਸਲੇ ਤੋਂ ਬਾਅਦ ਹੋਈਆਂ ਹਿੰਸਕ ਘਟਨਾਵਾਂ ਵਿੱਚ ਹੋਏ ਨੁਕਸਾਨ ਸਬੰਧੀ ਦਾਅਵੇ ਮੰਗੇ

ਪ੍ਰਭਾਵਿਤ ਨਾਗਰਿਕ ਜਾਂ ਵਿਭਾਗ ਆਪਣੇ ਕਲੇਮ ਦੀ ਅਰਜ਼ੀ ਸਬੰਧਿਤ ਐੱਸ. ਡੀ. ਐੱਮਜ਼ ਦੇ ਦਫ਼ਤਰ ਵਿੱਚ 29 ਅਗਸਤ, ਸ਼ਾਮ 5 ਵਜੇ ਤੱਕ ਦੇਣ- ਡਿਪਟੀ ਕਮਿਸ਼ਨਰ

ਤਰਨਤਾਰਨ, 27 ਅਗਸਤ :

ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਿਵਲ ਰਿਟ ਪਟੀਸ਼ਨ ਨੰਬਰ 19086 ਆੱਫ਼ 2017 ਦੇ ਸੰਬੰਧ ਵਿੱਚ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸਾਸ਼ਨ ਤਰਨਤਾਰਨ ਵੱਲੋਂ 25 ਅਗਸਤ 2017 ਨੂੰ ਡੇਰਾ ਸੱਚਾ ਸੌਦਾ ਸਿਰਸਾ ਦੇ ਮੁੱਖੀ ਸਬੰਧੀ ਆਏ ਅਦਾਲਤੀ ਫੈਸਲੇ ਤੋਂ ਬਾਅਦ ਹੋਈਆਂ ਹਿੰਸਕ ਘਟਨਾਵਾਂ ਵਿੱਚ ਹੋਏ ਨੁਕਸਾਨ ਸਬੰਧੀ ਦਾਅਵੇ ਮੰਗੇ ਗਏ ਹਨ।



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਕੋਈ ਵੀ ਨਾਗਰਿਕ, ਸੰਸਥਾ, ਅਦਾਰਾ ਜਾਂ ਕੰਪਨੀ, ਜਿਸ ਦਾ ਵੀ ਨੁਕਸਾਨ ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਸਬੰਧੀ ਆਏ ਅਦਾਲਤੀ ਫੈਸਲੇ ਤੋਂ ਬਾਅਦ 25 ਅਗਸਤ ਜਾਂ ਉਸ ਤੋਂ ਬਾਅਦ ਹੋਈਆਂ ਹਿੰਸਕ ਘਟਨਾਂਵਾਂ ਦੌਰਾਨ ਹੋਇਆ ਹੋਵੇ ਤਾਂ ਉਹ ਇਸ ਸਬੰਧੀ ਆਪਣੇ ਕਲੇਮ ਦੀ ਅਰਜ਼ੀ ਪੂਰੇ ਵੇਰਵਿਆਂ ਸਹਿਤ ਪ੍ਰੋਫਾਰਮੇ ਵਿੱਚ ਭਰ ਕੇ ਸਬੰਧਿਤ ਐੱਸ. ਡੀ. ਐੱਮਜ਼ ਦੇ ਦਫ਼ਤਰ ਵਿੱਚ 29 ਅਗਸਤ, ਸ਼ਾਮ 5 ਵਜੇ ਤੱਕ ਦਿੱਤੇ ਜਾ ਸਕਦੇ ਹਨ।

ਉਹਨਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਦਫ਼ਤਰ ਐੱਸ. ਡੀ. ਐੱਮ. ਤਰਨਤਾਰਨ ਵਿਖੇ ਫੋਨ ਨੰਬਰ 1852-222555, ਦਫ਼ਤਰ ਐੱਸ. ਡੀ. ਐੱਮ. ਪੱਟੀ ਵਿਖੇ ਫੋਨ ਨੰਬਰ 01851-244940 ਅਤੇ ਦਫ਼ਤਰ ਐੱਸ. ਡੀ. ਐੱਮ. ਖਡੂਰ ਸਾਹਿਬ ਵਿਖੇ ਫੋਨ ਨੰਬਰ 01859-237358 ‘ਤੇ ਸੰਪਰਕ ਕੀਤਾ ਜਾ ਸਕਦਾ ਹੈ।